ਬਿਲਾਵਲੁ ਮਹਲਾ ੫ ॥ ਮਮਤਾ ਮੋਹ ਧ੍ਰੋਹ ਮਦਿ ਮਾਤਾ ਬੰਧਨਿ ਬਾਧਿਆ ਅਤਿ ਬਿਕਰਾਲ ॥ ਦਿਨੁ ਦਿਨੁ ਛਿਜਤ ਬਿਕਾਰ ਕਰਤ ਅਉਧ ਫਾਹੀ ਫਾਥਾ ਜਮ ਕੈ ਜਾਲ ॥ ੧॥ ਤੇਰੀ ਸਰਣਿ ਪ੍ਰਭ ਦੀਨ ਦਇਆਲਾ ॥ ਮਹਾ ਬਿਖਮ ਸਾਗਰੁ ਅਤਿ ਭਾਰੀ ਉਧਰਹੁ ਸਾਧੂ ਸੰਗਿ ਰਵਾਲਾ ॥੧॥ ਰਹਾਉ ॥ ਪ੍ਰਭ ਸੁਖਦਾਤੇ ਸਮਰਥ ਸੁਆਮੀ ਜੀਉ ਪਿੰਡੁ ਸਭੁ ਤੁਮਰਾ ਮਾਲ ॥ ਭ੍ਰਮ ਕੇ ਬੰਧਨ ਕਾਟਹੁ ਪਰਮੇਸਰ ਨਾਨਕ ਕੇ ਪ੍ਰਭ ਸਦਾ ਕ੍ਰਿਪਾਲ ॥੨॥੪॥੨੨॥ {ਪੰਨਾ 806}

ਪਦਅਰਥ:- ਮਮ—ਮੇਰਾ। ਮਮਤਾ—{ਲਫ਼ਜ਼ 'ਮਮ' ਤੋਂ ਭਾਵ-ਭਾਵਕ ਨਾਂਵ} ਅਪਣੱਤ। ਧ੍ਰੋਹ—ਠੱਗੀ। ਮਦਿ—ਮਦ ਵਿਚ, ਨਸ਼ੇ ਵਿਚ। ਮਾਤਾ—ਮਸਤ। ਬੰਧਨਿ—ਬੰਧਨ ਨਾਲ, ਰੱਸੀ। ਬਾਧਿਆ—ਬੱਝਾ ਹੋਇਆ। ਅਤਿ—ਬਹੁਤ। ਬਿਕਰਾਲ—ਡਰਾਉਣਾ। ਦਿਨੁ ਦਿਨੁ—ਹਰ ਰੋਜ਼। ਛਿਜਤ—ਘਟਦੀ ਜਾਂਦੀ। ਅਉਧ—ਉਮਰ।1।

ਪ੍ਰਭ—ਹੇ ਪ੍ਰਭੂ! ਦੀਨ—ਗ਼ਰੀਬ, ਨਿਮਾਣੇ। ਬਿਖਮ—ਔਖਾ। ਸਾਗਰੁ—ਸਮੁੰਦਰ। ਉਧਰਹੁ—ਪਾਰ ਲੰਘਾ ਲਵੋ। ਸਾਧੂ—ਗੁਰੂ। ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ। ਰਵਾਲਾ—ਚਰਨ-ਧੂੜ।1। ਰਹਾਉ।

ਜੀਉ—ਜਿੰਦ। ਪਿੰਡੁ—ਸਰੀਰ। ਸਭੁ—ਇਹ ਸਾਰਾ। ਮਾਲੁ—ਪੂੰਜੀ। ਭ੍ਰਮ—ਭਟਕਣਾ।2।

ਅਰਥ:- ਦੀਨਾਂ ਉਤੇ ਦਇਆ ਕਰਨ ਵਾਲੇ ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ। ਇਹ (ਸੰਸਾਰ-) ਸਮੁੰਦਰ ਬਹੁਤ ਵੱਡਾ ਹੈ, (ਇਸ ਵਿਚੋਂ ਪਾਰ ਲੰਘਣਾ) ਬੜਾ ਔਖਾ ਹੈ। ਹੇ ਪ੍ਰਭੂ! ਮੈਨੂੰ ਗੁਰੂ ਦੀ ਸੰਗਤਿ ਵਿਚ (ਰੱਖ ਕੇ) ਮੈਨੂੰ ਗੁਰੂ ਦੀ ਚਰਨ-ਧੂੜ ਦੇ ਕੇ ਇਸ ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚਾ ਲੈ।1। ਰਹਾਉ।

(ਹੇ ਪ੍ਰਭੂ! ਇਸ ਸੰਸਾਰ-ਸਮੁੰਦਰ ਵਿਚ ਫਸ ਕੇ ਜੀਵ) ਅਪਣੱਤ ਦੇ ਮਦ ਵਿਚ, ਮੋਹ ਦੇ ਨਸ਼ੇ ਵਿਚ, ਠੱਗੀ-ਚਾਲਾਕੀ ਦੇ ਮਦ ਵਿਚ ਮਸਤ ਰਹਿੰਦਾ ਹੈ। ਮਾਇਆ ਦੇ ਮੋਹ ਦੇ ਜਕੜ ਨਾਲ ਬੱਝਾ ਹੋਇਆ ਜੀਵ ਬੜੇ ਡਰਾਉਣੇ ਜੀਵਨ ਵਾਲਾ ਬਣ ਜਾਂਦਾ ਹੈ। ਹਰ ਰੋਜ਼ ਵਿਕਾਰ ਕਰਦਿਆਂ ਇਸ ਦੀ ਉਮਰ ਘਟਦੀ ਜਾਂਦੀ ਹੈ, ਇਹ ਜਮ ਦੀ ਫਾਹੀ ਵਿਚ ਜਮ ਦੇ ਜਾਲ ਵਿਚ ਸਦਾ ਫਸਿਆ ਰਹਿੰਦਾ ਹੈ।1।

ਹੇ ਸਾਰੇ ਸੁਖ ਦੇਣ ਵਾਲੇ ਪ੍ਰਭੂ! ਹੇ ਸਭ ਤਾਕਤਾਂ ਦੇ ਮਾਲਕ ਸੁਆਮੀ! (ਜੀਵਾਂ ਨੂੰ ਮਿਲੇ ਹੋਏ) ਇਹ ਜਿੰਦ ਤੇ ਸਰੀਰ ਸਭ ਕੁਝ ਤੇਰਾ ਹੀ ਦਿੱਤਾ ਹੋਇਆ ਸਰਮਾਇਆ ਹੈ। ਹੇ ਨਾਨਕ ਦੇ ਪ੍ਰਭੂ! ਹੇ ਸਦਾ ਕਿਰਪਾਲ ਪ੍ਰਭੂ! ਹੇ ਪਰਮੇਸਰ! (ਜੀਵ ਮਾਇਆ ਵਿਚ ਭਟਕ ਰਹੇ ਹਨ, ਜੀਵਾਂ ਦੇ ਇਹ) ਭਟਕਣਾ ਦੇ ਬੰਧਨ ਕੱਟ ਦੇਹ।2।4। 22।